ੴ ਸਤਿਗੁਰ ਪ੍ਰਸਾਦਿ ॥ ਰਾਗੁ ਭੈਰਉ ਮਹਲਾ ੧ ਘਰੁ ੨ ॥ ਗੁਰ ਕੈ ਸਬਦਿ ਤਰੇ ਮੁਨਿ ਕੇਤੇ ਇੰਦ੍ਰਾਦਿਕ ਬ੍ਰਹਮਾਦਿ ਤਰੇ ॥ ਸਨਕ ਸਨੰਦਨ ਤਪਸੀ ਜਨ ਕੇਤੇ ਗੁਰ ਪਰਸਾਦੀ ਪਾਰਿ ਪਰੇ ॥ ੧॥ ਭਵਜਲੁ ਬਿਨੁ ਸਬਦੈ ਕਿਉ ਤਰੀਐ ॥ ਨਾਮ ਬਿਨਾ ਜਗੁ ਰੋਗਿ ਬਿਆਪਿਆ ਦੁਬਿਧਾ ਡੁਬਿ ਡੁਬਿ ਮਰੀਐ ॥੧॥ ਰਹਾਉ ॥ ਗੁਰੁ ਦੇਵਾ ਗੁਰੁ ਅਲਖ ਅਭੇਵਾ ਤ੍ਰਿਭਵਣ ਸੋਝੀ ਗੁਰ ਕੀ ਸੇਵਾ ॥ ਆਪੇ ਦਾਤਿ ਕਰੀ ਗੁਰਿ ਦਾਤੈ ਪਾਇਆ ਅਲਖ ਅਭੇਵਾ ॥੨॥ ਮਨੁ ਰਾਜਾ ਮਨੁ ਮਨ ਤੇ ਮਾਨਿਆ ਮਨਸਾ ਮਨਹਿ ਸਮਾਈ ॥ ਮਨੁ ਜੋਗੀ ਮਨੁ ਬਿਨਸਿ ਬਿਓਗੀ ਮਨੁ ਸਮਝੈ ਗੁਣ ਗਾਈ ॥ ੩॥ ਗੁਰ ਤੇ ਮਨੁ ਮਾਰਿਆ ਸਬਦੁ ਵੀਚਾਰਿਆ ਤੇ ਵਿਰਲੇ ਸੰਸਾਰਾ ॥ ਨਾਨਕ ਸਾਹਿਬੁ ਭਰਿਪੁਰਿ ਲੀਣਾ ਸਾਚ ਸਬਦਿ ਨਿਸਤਾਰਾ ॥੪॥੧॥੨॥ {ਪੰਨਾ 1125}

ਪਦਅਰਥ:- ਸਬਦਿ—ਸ਼ਬਦ ਦੀ ਰਾਹੀਂ। ਕੈ ਸਬਦਿ—ਦੇ ਸ਼ਬਦ ਦੀ ਰਾਹੀਂ। ਮੁਨਿ—ਮੋਨਧਾਰੀ ਸਾਧੂ, ਸਦਾ ਚੁੱਪ ਸਾਧੀ ਰੱਖਣ ਵਾਲੇ। ਕੇਤੇ—ਕਿਤਨੇ ਹੀ, ਬੇਅੰਤ। ਇੰਦ੍ਰਾਦਿਕ—ਇੰਦ੍ਰ ਆਦਿਕ, ਇੰਦ੍ਰ ਅਤੇ ਉਸ ਵਰਗੇ ਹੋਰ। ਬ੍ਰਹਮਾਦਿ—ਬ੍ਰਹਮਾ ਆਦਿ, ਬ੍ਰਹਮਾ ਅਤੇ ਉਸ ਵਰਗੇ ਹੋਰ। ਸਨਕ, ਸਨੰਦਨ—ਬ੍ਰਹਮਾ ਦੇ ਪੁੱਤਰ। ਪਾਰਿ ਪਰੇ—(ਭਵਜਲ ਤੋਂ) ਪਾਰ ਲੰਘ ਗਏ।1।

ਭਵਜਲੁ—ਸੰਸਾਰ-ਸਮੁੰਦਰ। ਕਿਉ ਤਰੀਐ—ਕਿਵੇਂ ਤਰਿਆ ਜਾਏ? ਨਹੀਂ ਤਰਿਆ ਜਾ ਸਕਦਾ। ਰੋਗਿ—ਰੋਗ ਵਿਚ, ਦੁਬਿਧਾ ਦੇ ਰੋਗ ਵਿਚ। ਬਿਆਪਿਆ—ਗ੍ਰਸਿਆ ਹੋਇਆ, ਫਸਿਆ ਹੋਇਆ। ਦੁਬਿਧਾ—ਦੋ-ਕਿਸਮਾ-ਪਨ, ਮੇਰ-ਤੇਰ। ਡੁਬਿ—ਡੁੱਬ ਕੇ। ਡੁਬਿ ਡੁਬਿ—ਮੁੜ ਮੁੜ ਡੁੱਬ ਕੇ। ਮਰੀਐ—ਆਤਮਕ ਮੌਤ ਸਹੇੜ ਲਈਦੀ ਹੈ।1। ਰਹਾਉ।

ਦੇਵਾ—ਪ੍ਰਕਾਸ਼-ਰੂਪ, ਚਾਨਣ ਦਾ ਸੋਮਾ। ਅਭੇਵਾ—ਜਿਸ ਦਾ ਭੇਤ ਨ ਪੈ ਸਕੇ। ਗੁਰਿ—ਗੁਰੂ ਨੇ। ਦਾਤੈ—ਦਾਤੇ ਨੇ।2।

ਰਾਜਾ—ਬਲੀ ਹਾਕਮ, ਇੰਦ੍ਰਿਆਂ ਦਾ ਮਾਲਕ, ਇੰਦ੍ਰਿਆਂ ਉਤੇ ਕਾਬੂ ਪਾ ਸਕਣ ਵਾਲਾ। ਮਨ ਤੇ—ਮਨ ਤੋਂ, ਮਨ (ਦੇ ਮਾਇਕ ਫੁਰਨਿਆਂ) ਤੋਂ। ਮਾਨਿਆ—ਮੰਨ ਗਿਆ, ਵਰਜਿਆ ਗਿਆ। ਮਨਸਾ—ਮਨ ਦੀ ਵਾਸਨਾ। ਮਨਹਿ—ਮਨਿ ਹੀ, ਮਨ ਵਿਚ ਹੀ। ਜੋਗੀ—ਪ੍ਰਭੂ-ਚਰਨਾਂ ਵਿਚ ਮਿਲਿਆ ਹੋਇਆ। ਬਿਨਸਿ—ਬਿਨਸ ਕੇ, ਮਰ ਕੇ, ਆਪਾ-ਭਾਵ ਵਲੋਂ ਖ਼ਤਮ ਹੋ ਕੇ। ਬਿਓਗੀ—ਬਿਰਹੀ, ਪ੍ਰੇਮੀ। ਗਾਈ—ਗਾਏ, ਗਾਂਦਾ ਹੈ।3।

ਗੁਰ ਤੇ—ਗੁਰੂ ਤੋਂ, ਗੁਰੂ ਤੋਂ ਉਪਦੇਸ਼ ਲੈ ਕੇ। ਤੇ—ਉਹ ਬੰਦੇ। ਭਰਿਪੁਰਿ—ਸਾਰੇ ਜਗਤ ਵਿਚ ਨਕਾ-ਨਕ ਭਰਿਆ ਹੋਇਆ। ਲੀਣ—ਸਾਰੇ ਜਗਤ ਵਿਚ ਵਿਆਪਕ। ਸਬਦਿ—ਸ਼ਬਦ ਵਿਚ ਜੁੜਿਆਂ।4।

ਅਰਥ:- ਗੁਰੂ ਦੇ ਸ਼ਬਦ (ਦੀ ਅਗਵਾਈ) ਤੋਂ ਬਿਨਾ ਸੰਸਾਰ-ਸਮੁੰਦਰ ਤੋਂ ਪਾਰ ਨਹੀਂ ਲੰਘ ਸਕੀਦਾ, (ਕਿਉਂਕਿ) ਪਰਮਾਤਮਾ ਦੇ ਨਾਮ ਤੋਂ ਵਾਂਜਿਆਂ ਰਹਿ ਕੇ ਜਗਤ (ਮੇਰ-ਤੇਰ ਵਿਤਕਰੇ ਦੇ) ਰੋਗ ਵਿਚ ਫਸਿਆ ਰਹਿੰਦਾ ਹੈ, ਤੇ ਮੇਰ-ਤੇਰ (ਦੇ ਡੂੰਘੇ ਪਾਣੀਆਂ) ਵਿਚ ਮੁੜ ਮੁੜ ਡੁੱਬ ਕੇ (ਗੋਤੇ ਖਾ ਕੇ ਆਖ਼ਿਰ) ਆਤਮਕ ਮੌਤ ਸਹੇੜ ਲਈਦੀ ਹੈ।1। ਰਹਾਉ।

ਇੰਦ੍ਰ ਬ੍ਰਹਮਾ ਅਤੇ ਉਹਨਾਂ ਵਰਗੇ ਹੋਰ ਅਨੇਕਾਂ ਸਮਾਧੀਆਂ ਲਾਣ ਵਾਲੇ ਸਾਧੂ ਗੁਰੂ ਦੇ ਸ਼ਬਦ ਵਿਚ ਜੁੜ ਕੇ ਹੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘਦੇ ਰਹੇ, (ਬ੍ਰਹਮਾ ਦੇ ਪੁਤ੍ਰ) ਸਨਕ ਸਨੰਦਨ ਤੇ ਹੋਰ ਅਨੇਕਾਂ ਤਪੀ ਸਾਧੂ ਗੁਰੂ ਦੀ ਮੇਹਰ ਨਾਲ ਹੀ ਭਵਜਲ ਤੋਂ ਪਾਰ ਲੰਘੇ।1।

ਗੁਰੂ (ਆਤਮਕ ਜੀਵਨ ਦੇ) ਚਾਨਣ ਦਾ ਸੋਮਾ ਹੈ, ਗੁਰੂ ਅਲੱਖ ਅਭੇਵ ਪਰਮਾਤਮਾ (ਦਾ ਰੂਪ) ਹੈ, (ਗੁਰੂ ਦੇ ਦੱਸੇ

ਰਸਤੇ ਤੇ ਤੁਰਿਆਂ ਹੀ) ਗੁਰੂ ਦੀ ਦੱਸੀ ਹੋਈ ਕਾਰ ਕਮਾਇਆਂ ਹੀ ਤਿੰਨਾਂ ਭਵਣਾਂ (ਵਿਚ ਵਿਆਪਕ ਪ੍ਰਭੂ) ਦੀ ਸੂਝ ਪੈਂਦੀ ਹੈ। ਨਾਮ ਦੀ ਦਾਤਿ ਦੇਣ ਵਾਲੇ ਗੁਰੂ ਨੇ ਜਿਸ ਮਨੁੱਖ ਨੂੰ ਆਪ (ਨਾਮ ਦੀ) ਦਾਤਿ ਦਿੱਤੀ, ਉਸ ਨੂੰ ਅਲੱਖ ਅਭੇਵ ਪ੍ਰਭੂ ਲੱਭ ਪਿਆ।2।

(ਗੁਰੂ ਦੀ ਮੇਹਰ ਨਾਲ) ਜੇਹੜਾ ਮਨ ਆਪਣੇ ਸਰੀਰਕ ਇੰਦ੍ਰਿਆਂ ਉਤੇ ਕਾਬੂ ਪਾਣ-ਜੋਗਾ ਹੋ ਗਿਆ; ਉਹ ਮਨ ਮਾਇਕ ਫੁਰਨਿਆਂ ਦੇ ਪਿਛੇ ਦੌੜ-ਭੱਜ ਬੰਦ ਕਰਨੀ ਮੰਨ ਗਿਆ, ਉਸ ਮਨ ਦੀ ਵਾਸਨਾ ਉਸ ਦੇ ਆਪਣੇ ਹੀ ਅੰਦਰ ਲੀਨ ਹੋ ਗਈ। (ਗੁਰੂ ਦੀ ਮੇਹਰ ਨਾਲ ਉਹ) ਮਨ ਪ੍ਰਭੂ-ਚਰਨਾਂ ਦਾ ਮਿਲਾਪੀ ਹੋ ਗਿਆ, ਉਹ ਮਨ ਆਪਾ-ਭਾਵ ਵਲੋਂ ਖ਼ਤਮ ਹੋ ਕੇ ਪ੍ਰਭੂ (-ਦੀਦਾਰ) ਦਾ ਪ੍ਰੇਮੀ ਹੋ ਗਿਆ, ਉਹ ਮਨ ਉੱਚੀ ਸੂਝ ਵਾਲਾ ਹੋ ਗਿਆ, ਤੇ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਨ ਲੱਗ ਪਿਆ।3।

(ਪਰ,) ਹੇ ਨਾਨਕ! ਜਗਤ ਵਿਚ ਉਹ ਵਿਰਲੇ ਬੰਦੇ ਹਨ ਜਿਨ੍ਹਾਂ ਨੇ ਗੁਰੂ ਦੀ ਸਰਨ ਪੈ ਕੇ ਆਪਣਾ ਮਨ ਵੱਸ ਵਿਚ ਕੀਤਾ ਹੈ ਤੇ ਗੁਰੂ ਦੇ ਸ਼ਬਦ ਨੂੰ ਆਪਣੇ ਅੰਦਰ ਵਸਾਇਆ ਹੈ (ਜਿਨ੍ਹਾਂ ਇਹ ਪਦਵੀ ਪਾ ਲਈ ਹੈ), ਉਹਨਾਂ ਨੂੰ ਮਾਲਿਕ-ਪ੍ਰਭੂ ਸਾਰੇ ਜਗਤ ਵਿਚ (ਨਕਾ-ਨਕ) ਵਿਆਪਕ ਦਿੱਸ ਪੈਂਦਾ ਹੈ, ਗੁਰੂ ਦੇ ਸੱਚੇ ਸ਼ਬਦ ਦੀ ਬਰਕਤਿ ਨਾਲ (ਸੰਸਾਰ-ਸਮੁੰਦਰ ਦੇ ਮੇਰ-ਤੇਰ ਦੇ ਡੂੰਘੇ ਪਾਣੀਆਂ ਵਿਚੋਂ) ਉਹ ਪਾਰ ਲੰਘ ਜਾਂਦੇ ਹਨ।4।1।2।

ਨੋਟ:- ‘ਘਰੁ 2’ ਦਾ ਇਹ ਪਹਿਲਾ ਸ਼ਬਦ ਹੈ। ਅੰਕ 1 ਦਾ ਇਹੀ ਭਾਵ ਹੈ।